# Official Spokesperson's response to media queries on China-Pakistan Joint Statement

November 03, 2022

.............

## ਚੀਨ ਅਤੇ ਪਾਕਿਸਤਾਨ ਦੇ ਸਾਂਝਾ ਬਿਆਨ ਬਾਰੇ ਮੀਡੀਆ ਦੇ ਸਵਾਲਾਂ ਦਾ ਸਰਕਾਰੀ ਬੁਲਾਰੇ ਵੱਲੋਂ ਜਵਾਬ

## 3 ਨਵੰਬਰ, 2022

ਚੀਨ ਅਤੇ ਪਾਕਿਸਤਾਨ ਦੇ ਸਾਂਝਾ ਬਿਆਨ ਬਾਰੇ ਮੀਡੀਆ ਦੇ ਸਵਾਲਾਂ ਦਾ ਜਵਾਬ ਦੀਦਨੇ ਹੋਏ ਸਰਕਾਰੀ ਬੁਲਾਰੇ ਸ਼੍ਰੀ ਅਰਿੰਦਮ ਬਾਗਚੀ ਨੇ ਕਿਹਾ:

"ਅਸੀਂ ਨੋਟ ਕੀਤਾ ਹੈ ਕਿ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਦੀ ਹਾਲੀਆ ਚੀਨ ਦੀ ਫੇਰੀ ਤੋਂ ਬਾਅਦ ਜਾਰੀ ਕੀਤੇ ਗਏ "ਸਾਂਝਾ ਬਿਆਨ" ਵਿੱਚ ਭਾਰਤ ਦੇ ਜੰਮੂ ਅਤੇ ਕਸ਼ਮੀਰ ਕੇਂਦਰ ਸ਼ਾਸਤ ਪ੍ਰਦੇਸ਼ ਬਾਰੇ ਕਈ ਗੈਰ-ਵਾਜਬ ਹਵਾਲੇ ਦਿੱਤੇ ਗਏ ਹਨ। ਇਸ ਵਿੱਚ ਅਖੌਤੀ ਚੀਨ-ਪਾਕਿਸਤਾਨ ਆਰਥਿਕ ਗਲਿਆਰਾ (ਸੀਪੀਈਸੀ) ਅਤੇ ਹੋਰਨਾਂ ਦੇਸ਼ਾਂ ਤੱਕ ਇਸਦੇ ਵਿਸਤਾਰ ਅਧੀਨ ਪ੍ਰੋਜੈਕਟਾਂ ਦਾ ਵੀ ਜ਼ਿਕਰ ਹੈ।

ਅਸੀਂ ਅਜਿਹੇ ਬਿਆਨਾਂ ਨੂੰ ਲਗਾਤਾਰ ਖਾਰਿਜ ਕਰਦੇ ਆਏ ਹਾਂ ਅਤੇ ਸਾਰੀਆਂ ਸਬੰਧਤ ਧਿਰਾਂ ਇਨ੍ਹਾਂ ਮਾਮਲਿਆਂ 'ਤੇ ਸਾਡੀ ਸਪੱਸ਼ਟ ਸਥਿਤੀ ਤੋਂ ਚੰਗੀ ਤਰ੍ਹਾਂ ਜਾਣੂ ਹਨ। ਕੇਂਦਰ ਸ਼ਾਸਿਤ ਪ੍ਰਦੇਸ਼ ਜੰਮੂ ਅਤੇ ਕਸ਼ਮੀਰ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਲੱਦਾਖ ਭਾਰਤ ਦੇ ਅਟੁੱਟ ਅਤੇ ਅਨਿੱਖੜਵੇਂ ਅੰਗ ਹਨ ਅਤੇ ਹਮੇਸ਼ਾ ਰਹਿਣਗੇ। ਕਿਸੇ ਹੋਰ ਦੇਸ਼ ਨੂੰ ਇਨ੍ਹਾਂ 'ਤੇ ਟਿੱਪਣੀ ਕਰਨ ਦਾ ਕੋਈ ਹੱਕ ਨਹੀਂ ਹੈ।

ਅਖੌਤੀ ਚੀਨ-ਪਾਕਿਸਤਾਨ ਆਰਥਿਕ ਗਲਿਆਰੇ ਦੇ ਸਬੰਧ ਵਿੱਚ ਅਸੀਂ ਚੀਨ ਅਤੇ ਪਾਕਿਸਤਾਨ ਨੂੰ ਲਗਾਤਾਰ ਆਪਣੇ ਵਿਰੋਧ ਅਤੇ ਚਿੰਤਾਵਾਂ ਤੋਂ ਜਾਣੂ ਕਰਵਾਇਆ ਹੈ। CPEC ਵਿੱਚ ਜ਼ਬਰਦਸਤੀ ਅਤੇ ਗੈਰ-ਕਾਨੂੰਨੀ ਬਾਹਰੀ ਕਬਜ਼ੇ ਵਾਲੇ ਭਾਰਤ ਦੇ ਪ੍ਰਭੂਸੱਤਾ ਖੇਤਰ 'ਤੇ ਪ੍ਰੋਜੈਕਟ ਸ਼ਾਮਲ ਹਨ। ਅਸੀਂ ਇਸ ਖੇਤਰ ਵਿੱਚ ਅਜਿਹੇ ਪ੍ਰੋਜੈਕਟਾਂ ਦੀ ਵਰਤੋਂ ਕਰਕੇ ਸਥਿਤੀ ਨੂੰ ਬਦਲਣ ਦੀਆਂ ਕੋਸ਼ਿਸ਼ਾਂ ਨੂੰ ਪੂਰੀ ਤਰ੍ਹਾਂ ਖਾਰਿਜ ਕਰਦੇ ਹਾਂ। ਅਜਿਹੀਆਂ ਗਤੀਵਿਧੀਆਂ ਵਿੱਚ ਤੀਜੀ ਧਿਰ ਨੂੰ ਸ਼ਾਮਲ ਕਰਨ ਦੀ ਕੋਈ ਵੀ ਕੋਸ਼ਿਸ਼ ਕੁਦਰਤੀ ਤੌਰ 'ਤੇ ਗੈਰ-ਕਾਨੂੰਨੀ, ਨਾਜਾਇਜ਼ ਅਤੇ ਨਾ-ਮੰਨਣਯੋਗ ਹੈ।"

ਨਵੀਂ ਦਿੱਲੀ

3 ਨਵੰਬਰ, 2022

DISCLAIMER: This is an approximate translation. The original is available in English on MEA's website and may be referred to as the official press release.